# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

**08:30**

**ਮਿਤੀ : 14-10-2026**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਨਵੀਂ ਦਿੱਲੀ ਵਿੱਚ, ਵੀਡੀਓ ਸੰਦੇਸ਼ ਰਾਹੀਂ, "ਬ੍ਰਿਹੱਤਰ ਭਾਰਤ: ਅੰਤਰ-ਰਾਸ਼ਟਰੀ ਕਾਨਫਰੰਸ ਨੂੰ ਸੰਬੋਧਨ ਕਰਨਗੇ।
- ਬਿਮਸਟੇਕ ਦੇਸ਼ਾਂ ਨੇ ਸਰਹੱਦ ਪਾਰੋਂ ਦਹਿਸ਼ਤਗਰਦੀ ਦੇ ਸਾਰੇ ਰੂਪਾਂ ਦੀ ਸਖ਼ਤ ਨਿੰਦਾ ਕੀਤੀ ।
- ਕੇਂਦਰੀ ਵਾਤਾਵਰਣ ਮੰਤਰੀ ਭੂਪੇਂਦਰ ਯਾਦਵ ਨੇ ਪੰਜਾਬ ਤੇ ਹਰਿਆਣਾ ਵਿਚ, ਪਰਾਲੀ ਸਾੜਨ ਨੂੰ ਰੋਕਣ ਲਈ ਜ਼ਮੀਨੀ ਪੱਧਰ 'ਤੇ ਨਿਗਰਾਨੀ ਅਤੇ ਕਾਰਵਾਈ ਨੂੰ ਤੇਜ਼ ਕਰਨ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ ।
- ਬਿਹਾਰ 'ਚ ਵੈਸ਼ਾਲੀ ਦੇ ਰਾਘੋਪੁਰ ਵਿੱਚ ਕਿਸ਼ਤੀ ਪਲਟਨ ਕਾਰਨ 13 ਲੋਕਾਂ ਦੀ ਮੌਤ ।

• ਮੌਸਮ ਵਿਭਾਗ ਵਲੋਂ ਅੱਜ ਪੰਜਾਬ, ਹਰਿਆਣਾ, ਚੰਡੀਗੜ੍ਹ ਸਮੇਤ ਹੋਰਨਾਂ ਕਈ ਸੂਬਿਆਂ ਵਿੱਚ ਗਰਜ-ਚਮਕ ਨਾਲ ਗੜ੍ਹੇਮਾਰੀ ਦੀ ਪੇਸ਼ੀਨਗੋਈ ।

ਅਤੇ

• ਭਾਰਤ ਅਤੇ ਵੈਸਟਇੰਡੀਜ਼ ਵਿਚਕਾਰ ਪੰਜ ਮੈਚਾਂ ਦੀ ਟਵੈਂਟੀ ਟਵੈਂਟੀ ਲੜੀ ਦਾ ਚੌਥਾ ਮੈਚ, ਅੱਜ ਹੈਦਰਾਬਾਦ ਵਿੱਚ ਸ਼ਾਮ 7 ਵਜੇ ਵਿੱਚ ਖੇਡਿਆ ਜਾਵੇਗਾ।

---------------------------------------------------------------

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅੱਜ ਨਵੀਂ ਦਿੱਲੀ ਵਿੱਚ "ਬ੍ਰਹੱਤਰ ਭਾਰਤ: ਦੁਨੀਆ ਭਰ ਵਿੱਚ ਭਾਰਤ ਦੇ ਸੱਭਿਆਚਾਰਕ ਸੰਪਰਕ "ਵਿਸ਼ੇ 'ਤੇ ਅੰਤਰ-ਰਾਸ਼ਟਰੀ ਸੰਮੇਲਨ ਨੂੰ ਵੀਡੀਓ ਸੰਦੇਸ਼ ਰਾਹੀਂ ਸੰਬੋਧਨ ਕਰਨਗੇ। ਸੱਭਿਆਚਾਰ ਮੰਤਰਾਲਾ ਅੱਜ ਤੋਂ ਨਵੀਂ ਦਿੱਲੀ ਵਿੱਚ ਇਸ ਅੰਤਰ-ਰਾਸ਼ਟਰੀ ਕਾਨਫਰੰਸ ਦਾ ਆਯੋਜਨ ਕਰੇਗਾ। ਕੇਂਦਰੀ ਸੱਭਿਆਚਾਰ ਮੰਤਰੀ ਗਜੇਂਦਰ ਸਿੰਘ ਸ਼ੇਖਾਵਤ ਵੀ ਇਸ ਕਾਨਫਰੰਸ ਵਿੱਚ ਹਿੱਸਾ ਲੈਣਗੇ। ਸਾਡੇ ਪਤਰਕਾਰ ਨੇ ਦਸਿਆ ਕਿ ਇਸ ਤਿੰਨ ਦਿਨਾਂ ਕਾਨਫਰੰਸ ਦੌਰਾਨ 50 ਦੇਸ਼ਾਂ ਦੇ ਨੁਮਾਇੰਦੇ , ਰਾਜਦੂਤ ਅਤੇ ਵਿਦਵਾਨ ਦੁਨੀਆ ਭਰ

ਦੇ ਵੱਖ-ਵੱਖ ਦੇਸ਼ਾਂ ਨਾਲ ਭਾਰਤ ਦੇ ਇਤਿਹਾਸਕ ਅਤੇ ਮੌਜੂਦਾ ਸੱਭਿਆਚਾਰਕ ਸਬੰਧਾਂ 'ਤੇ ਚਰਚਾ ਕਰਨਗੇ। ਚੀਨ, ਜਾਪਾਨ, ਮੰਗੋਲੀਆ, ਨੇਪਾਲ ਅਤੇ ਈਰਾਨ ਸਮੇਤ ਕਈ ਦੇਸ਼ਾਂ ਦੇ ਭਾਗੀਦਾਰ ਸਾਂਝੀ ਸੱਭਿਆਚਾਰਕ ਵਿਰਾਸਤ ਅਤੇ ਸਭਿਅਤਾਵਾਂ ਵਿਚਕਾਰ ਆਦਾਨ-ਪ੍ਰਦਾਨ 'ਤੇ ਚਰਚਾ ਕਰਨਗੇ। ਇਹ ਕਾਨਫਰੰਸ 'ਬ੍ਰਹੱਤਰ ਭਾਰਤ ਕੌਂਸਲ' ਦੀ ਸਥਾਪਨਾ ਦੀ ਸ਼ਤਾਬਦੀ ਨੂੰ ਮਨਾਉਣ ਲਈ ਆਯੋਜਿਤ ਕੀਤੀ ਜਾ ਰਹੀ ਹੈ। ਇਸ ਕੌਂਸਲ ਦੀ ਸਥਾਪਨਾ 14 ਅਕਤੂਬਰ, 1926 ਨੂੰ ਕੋਲਕਾਤਾ ਵਿੱਚ ਭਾਰਤੀ ਵਿਦਵਾਨਾਂ ਦੇ ਇੱਕ ਸਮੂਹ ਵਲੋਂ ਕੀਤੀ ਗਈ ਸੀ। ਗੁਰੂਦੇਵ ਰਬਿੰਦਰਨਾਥ ਟੈਗੋਰ ਇਸਦੇ ਅਧਿਆਤਮਿਕ ਮਾਰਗਦਰਸ਼ਕ ਸਨ। ਕਾਨਫਰੰਸ ਦੌਰਾਨ "ਏਸ਼ੀਆ ਦੀ ਸਾਂਝੀ ਸੱਭਿਆਚਾਰਕ ਵਿਰਾਸਤ" ਵਿਸ਼ੇ 'ਤੇ ਇੱਕ ਪ੍ਰਦਰਸ਼ਨੀ ਵੀ ਆਯੋਜਿਤ ਕੀਤੀ ਜਾਵੇਗੀ।

---

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅੱਜ ਆਂਧਰਾ ਪ੍ਰਦੇਸ਼ ਦੇ ਦੋ ਦਿਨਾਂ ਦੌਰੇ 'ਤੇ ਵਿਜੇਵਾੜਾ ਜਾਣਗੇ। ਉਹ ਅੱਜ ਸ਼ਾਮ ਵਿਜੇਵਾੜਾ ਦੇ ਸ੍ਰੀ ਕਨਕ ਦੁਰਗਾ ਮੰਦਰ ਵਿੱਚ ਪ੍ਰਾਰਥਨਾ ਕਰਨਗੇ। ਰਾਸ਼ਟਰਪਤੀ ਕੱਲ੍ਹ ਵਿਜੇਵਾੜਾ ਵਿੱਚ

ਰਾਸ਼ਟਰੀ ਸਰਸ ਮੇਲਾ 2026 ਦਾ ਉਦਘਾਟਨ ਕਰਨਗੇ। ਇਹ ਮੇਲਾ ਕੇਂਦਰੀ ਪੇਂਡੂ ਵਿਕਾਸ ਮੰਤਰਾਲੇ ਦੁਆਰਾ ਆਂਧਰਾ ਪ੍ਰਦੇਸ਼ ਸਰਕਾਰ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਜਾ ਰਿਹਾ ਹੈ। ਮੇਲੇ ਵਿੱਚ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਸਵੈ-ਸਹਾਇਤਾ ਸਮੂਹਾਂ ਦੀਆਂ 1,500 ਤੋਂ ਵੱਧ ਔਰਤਾਂ ਹਿੱਸਾ ਲੈ ਰਹੀਆਂ ਹਨ। ਉਹ ਪੇਂਡੂ ਉਤਪਾਦਾਂ, ਰਵਾਇਤੀ ਦਸਤਕਾਰੀ ਅਤੇ ਖੇਤਰੀ ਭੋਜਨ ਦਾ ਪ੍ਰਦਰਸ਼ਨ ਕਰਨਗੀਆਂ।

---------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਕੈਨੇਡਾ ਦੇ ਪ੍ਰਧਾਨ ਮੰਤਰੀ ਮਾਰਕ ਕਾਰਨੀ ਨੇ ਦੁਵੱਲੇ ਸਬੰਧਾਂ ਵਿੱਚ ਸਕਾਰਾਤਮਕ ਗਤੀ ਨੂੰ ਵਧਾਉਣ ਅਤੇ ਰਣਨੀਤਕ ਭਾਈਵਾਲੀ ਦੇ ਮੁੱਖ ਖੇਤਰਾਂ ਵਿੱਚ ਠੋਸ ਨਤੀਜਿਆਂ ਵੱਲ ਕੰਮ ਕਰਨ ਲਈ ਸਹਿਮਤੀ ਪ੍ਰਗਟਾਈ ਏ । ਇਨ੍ਹਾਂ ਖੇਤਰਾਂ ਵਿੱਚ ਵਪਾਰ, ਊਰਜਾ, ਤਕਨਾਲੋਜੀ, ਸੁਰੱਖਿਆ ਅਤੇ ਲੋਕਾਂ ਤੋਂ ਲੋਕਾਂ ਦੇ ਸਬੰਧ ਸ਼ਾਮਲ ਹਨ। ਦੋਵਾਂ ਨੇਤਾਵਾਂ ਦਰਮਿਆਨ ਗੱਲਬਾਤ ਸਾਰਥਕ ਰਹੀ । ਸ਼੍ਰੀ ਮੋਦੀ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਭਾਰਤ ਅਤੇ ਕੈਨੇਡਾ ਇਕੱਠੇ ਇੱਕ ਹੋਰ ਸਥਿਰ ਅਤੇ ਖੁਸ਼ਹਾਲ

ਦੁਨੀਆ ਲਈ ਯੋਗਦਾਨ ਪਾ ਰਹੇ ਹਨ। ਇਸ ਦੌਰਾਨ, ਕੈਨੇਡਾ ਦੇ ਵਿਦੇਸ਼ ਮੰਤਰੀ ਅਨੀਤਾ ਆਨੰਦ ਬੀਤੇ ਦਿਨੀ ਭਾਰਤ ਦੇ ਦੋ ਦਿਨਾਂ ਦੌਰੇ 'ਤੇ ਨਵੀਂ ਦਿੱਲੀ ਪਹੁੰਚੇ।

---------------------------------------------------

ਬਿਮਸਟੇਕ – ਦਿੱਲੀ ਐਲਾਨਨਾਮਾ

ਬਿਮਸਟੇਕ ਦੇਸ਼ਾਂ ਦੇ ਗ੍ਰਿਹ ਮੰਤਰੀਆਂ ਦੀ ਪਹਿਲੀ ਮੀਟਿੰਗ ਕੱਲ੍ਹ ਨਵੀਂ ਦਿੱਲੀ ਵਿੱਚ ਦਿੱਲੀ ਐਲਾਨਨਾਮੇ ਨੂੰ ਅਪਣਾਉਣ ਨਾਲ ਸਮਾਪਤ ਹੋਈ। ਦਿੱਲੀ ਐਲਾਨਨਾਮੇ ਵਿੱਚ, ਬਿਮਸਟੇਕ ਦੇਸ਼ਾਂ ਨੇ ਸਰਹੱਦ ਪਾਰ ਦਹਿਸ਼ਤਗਰਦੀ ਦੇ ਸਾਰੇ ਰੂਪਾਂ ਦੀ ਸਖ਼ਤ ਨਿੰਦਾ ਕੀਤੀ ਏ। ਐਲਾਨਨਾਮੇ ਵਿੱਚ, ਮੈਂਬਰ ਦੇਸ਼ਾਂ ਨੇ ਸੰਯੁਕਤ ਰਾਸ਼ਟਰ ਚਾਰਟਰ ਅਤੇ ਅੰਤਰਰਾਸ਼ਟਰੀ ਕਾਨੂੰਨ ਦੇ ਅਨੁਸਾਰ ਵਿਆਪਕ ਅਤੇ ਨਿਰੰਤਰ ਯਤਨਾਂ ਰਾਹੀਂ ਦਹਿਸ਼ਤਗਰਦੀ ਅਤੇ ਹਿੰਸਕ ਕੱਟੜਵਾਦ ਨੂੰ ਰੋਕਣ, ਲੜਨ ਅਤੇ ਖਤਮ ਕਰਨ ਦੇ ਆਪਣੇ ਸੰਕਲਪ ਨੂੰ ਦੁਹਰਾਇਆ। ਮੈਂਬਰ ਦੇਸ਼ਾਂ ਨੇ ਆਪਸੀ ਤੌਰ 'ਤੇ ਜੁੜੇ, ਸੁਰੱਖਿਅਤ, , ਵਿਕਸਤ ਅਤੇ ਖੁਸ਼ਹਾਲ ਬਿਮਸਟੇਕ ਖੇਤਰ ਦੇ ਨਿਰਮਾਣ ਲਈ ਖੇਤਰੀ ਸਹਿਯੋਗ ਨੂੰ ਮਜ਼ਬੂਤ

ਕਰਨ ਦੀ ਆਪਣੀ ਵਚਨਬੱਧਤਾ ਨੂੰ ਵੀ ਦੁਹਰਾਇਆ। ਦੇਸ਼ਾਂ ਨੇ ਮੈਂਬਰ ਦੇਸ਼ਾਂ, ਉਨ੍ਹਾਂ ਦੇ ਪਰਿਵਾਰਾਂ ਅਤੇ ਪ੍ਰਭਾਵਿਤ ਦੇਸ਼ਾਂ ਦੀਆਂ ਸਰਕਾਰਾਂ ਵਿੱਚ ਦਹਿਸ਼ਤਗਰਦੀ ਹਮਲਿਆਂ ਦੇ ਪੀੜਤਾਂ ਨਾਲ ਡੂੰਘੀ ਸੰਵੇਦਨਾ ਅਤੇ ਏਕਤਾ ਪ੍ਰਗਟ ਕੀਤੀ। ਉਨ੍ਹਾਂ ਨੇ ਦਹਿਸ਼ਤਗਰਦੀ ਹਮਲਿਆਂ ਦੇ ਦੋਸ਼ੀਆਂ ਨੂੰ ਸਬੰਧਤ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਕਾਨੂੰਨਾਂ ਦੇ ਤਹਿਤ ਨਿਆਂ ਦੇ ਘੇਰੇ ਵਿੱਚ ਲਿਆਉਣ ਦੀ ਵੀ ਮੰਗ ਕੀਤੀ। ਦਿੱਲੀ ਐਲਾਨਨਾਮੇ ਵਿੱਚ ਮਨੁੱਖੀ ਤਸਕਰੀ, ਨਸ਼ੀਲੇ ਪਦਾਰਥਾਂ, ਨਸ਼ੀਲੇ ਪਦਾਰਥ ਬਣਾਉਣ ਵਾਲੇ ਰਸਾਇਣਾਂ ਅਤੇ ਮਨੀ ਲਾਂਡਰਿੰਗ ਦੀ ਰੋਕਥਾਮ ਨਾਲ ਸਬੰਧਤ ਕਾਰਜ ਯੋਜਨਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ 'ਤੇ ਜ਼ੋਰ ਦਿੱਤਾ ਗਿਆ। ਇਸ ਤੋਂ ਇਲਾਵਾ, ਐਲਾਨਨਾਮੇ ਵਿੱਚ ਕੱਟੜਪੰਥੀ ਅਤੇ ਦਹਿਸ਼ਤਗਰਦੀ ਦਾ ਮੁਕਾਬਲਾ ਕਰਨ ਵਿੱਚ ਸਹਿਯੋਗ 'ਤੇ ਉਪ-ਸਮੂਹ ਦੀ ਕਾਰਜ ਯੋਜਨਾ ਨੂੰ ਅੰਤਿਮ ਰੂਪ ਦੇਣ ਦੀ ਮੰਗ ਕੀਤੀ ਗਈ। ਐਲਾਨਨਾਮੇ ਵਿੱਚ ਅਪਰਾਧਿਕ ਮਾਮਲਿਆਂ ਵਿੱਚ ਆਪਸੀ ਕਾਨੂੰਨੀ ਸਹਾਇਤਾ ਬਾਰੇ ਬਿਮਸਟੇਕ ਸੰਧੀ ਦੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ 'ਤੇ ਵੀ ਜ਼ੋਰ ਦਿੱਤਾ ਗਿਆ, ਜਿਸ 'ਤੇ ਮਾਰਚ 2022 ਵਿੱਚ ਕੋਲੰਬੋ

ਵਿੱਚ 5ਵੇਂ ਬਿਮਸਟੇਕ ਸੰਮੇਲਨ ਦੌਰਾਨ ਦਸਤਖਤ ਕੀਤੇ ਗਏ ਸਨ।

---------------------------------------------------------------------

ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ ਨੇ ਕਿਹਾ ਏ ਕਿ ਭਾਰਤ ਅਤੇ ਅਮਰੀਕਾ ਵਿਚਕਾਰ ਵਪਾਰਕ ਗੱਲਬਾਤ ਸਹੀ ਦਿਸ਼ਾ ਵਿੱਚ ਅੱਗੇ ਵਧ ਰਹੀ ਏ ਅਤੇ ਇੱਕ ਵਪਾਰ ਸਮਝੌਤੇ ਨੂੰ ਇਸ ਸਮੇਂ ਅੰਤਿਮ ਰੂਪ ਦਿੱਤਾ ਜਾ ਰਿਹਾ ਏ । ਨਵੀਂ ਦਿੱਲੀ ਵਿੱਚ ਬਲੂਮ-ਬਰਗ ਨਿਊ ਇਕਾਨਮੀ ਫੋਰਮ ਨੂੰ ਸੰਬੋਧਨ ਕਰਦੇ ਹੋਏ, ਡਾ. ਜੈਸ਼ੰਕਰ ਨੇ ਕਿਹਾ ਕਿ ਦੋਵਾਂ ਦੇਸ਼ਾਂ ਦੇ ਵਪਾਰ ਮੰਤਰੀ ਸਮਝੌਤੇ 'ਤੇ ਕੰਮ ਕਰ ਰਹੇ ਹਨ ਅਤੇ ਗੱਲਬਾਤ ਕਾਫ਼ੀ ਅੱਗੇ ਵੱਧ ਚੁਕੀ ਏ । ਇੱਕ ਸਵਾਲ ਦੇ ਜਵਾਬ ਵਿੱਚ, ਡਾ. ਜੈਸ਼ੰਕਰ ਨੇ ਜ਼ੋਰ ਦੇ ਕੇ ਕਿਹਾ ਕਿ ਅਮਰੀਕਾ ਨੇ ਆਪਣੀ ਰਣਨੀਤੀ ਬਦਲ ਦਿੱਤੀ ਏ ਅਤੇ ਹਰ ਦੇਸ਼ ਨੂੰ ਅਮਰੀਕਾ ਨਾਲ ਆਪਣੇ ਸਬੰਧਾਂ ਦਾ ਮੁੜ ਮੁਲਾਂਕਣ ਕਰਕੇ ਉਨ੍ਹਾਂ ਵਿਚ ਜਰੂਰੀ ਤਬਦੀਲੀ ਕਰਨੀ ਹੋਵੇਗੀ । ਚੀਨ ਬਾਰੇ, ਵਿਦੇਸ਼ ਮੰਤਰੀ ਨੇ ਕਿਹਾ ਕਿ ਸਰਹੱਦੀ ਖੇਤਰਾਂ ਵਿੱਚ ਸ਼ਾਂਤੀ ਅਤੇ ਸਥਿਰਤਾ ਵਿੱਚ ਕਿਸੇ ਵੀ ਤਰ੍ਹਾਂ ਦੀ ਵਿਘਨ ਦੇ ਦੁਵੱਲੇ ਸਬੰਧਾਂ 'ਤੇ ਨਤੀਜੇ ਨਿਕਲਣਗੇ। ਉਨ੍ਹਾਂ ਕਿਹਾ ਕਿ ਸਰਹੱਦੀ ਖੇਤਰਾਂ ਵਿੱਚ ਸਥਿਤੀ ਦੇ ਆਮ ਹੋਣ ਦੇ ਨਾਲ,

ਦੋਵਾਂ ਦੇਸ਼ਾਂ ਦੇ ਸਬੰਧ ਵੀ ਆਮ ਹੋਣ ਵੱਲ ਵਧ ਰਹੇ ਹਨ। ਉਨ੍ਹਾਂ ਕਿਹਾ ਕਿ ਭਾਰਤ ਅਤੇ ਚੀਨ ਸਰਹੱਦੀ ਖੇਤਰਾਂ ਵਿੱਚ ਸ਼ਾਂਤੀ ਅਤੇ ਸਥਿਰਤਾ ਬਹਾਲ ਕਰਨ ਵਿੱਚ ਸਫਲ ਰਹੇ ਹਨ। ਡਾ. ਜੈਸ਼ੰਕਰ ਨੇ ਟਿੱਪਣੀ ਕੀਤੀ ਕਿ ਭਾਰਤ ਅਤੇ ਚੀਨ ਵਿਚਕਾਰ ਵਪਾਰ ਸੰਤੁਲਨ ਬਹੁਤ ਜ਼ਿਆਦਾ ਅਸਮਾਨ ਅਤੇ ਇਕਪਾਸੜ ਏ । ਉਨ੍ਹਾਂ ਕਿਹਾ ਕਿ ਭਾਰਤ ਨੂੰ ਚੀਨ ਵਿੱਚ ਬਰਾਬਰ ਮੌਕੇ ਨਹੀਂ ਮਿਲ ਰਹੇ। ਰੂਸ ਸੰਬੰਧੀ ਇੱਕ ਹੋਰ ਸਵਾਲ ਦੇ ਜਵਾਬ ਵਿੱਚ, ਡਾ. ਜੈਸ਼ੰਕਰ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਭਾਰਤ ਨੂੰ ਕਦੇ ਵੀ ਅਜਿਹਾ ਕੋਈ ਸੰਕੇਤ ਨਹੀਂ ਮਿਲਿਆ ਕਿ ਉਸਦੀਆਂ ਕਿਸੇ ਵੀ ਰੂਸ ਖਰੀਦ ਵਿੱਚ ਚੀਨੀ ਤਕਨਾਲੋਜੀ ਏ । ਉਨ੍ਹਾਂ ਕਿਹਾ ਕਿ ਯੂਕਰੇਨ ਜੰਗ ਨੇ ਏਸ਼ੀਆ ਵੱਲ ਰੂਸ ਦੇ ਝੁਕਾਅ ਨੂੰ ਕਾਫ਼ੀ ਵਧਾ ਦਿੱਤਾ ਏ। ਉਨ੍ਹਾਂ ਕਿਹਾ ਕਿ ਰੂਸ ਕੋਲ ਕਈ ਵਿਕਲਪ ਹੋਣਾ ਭਾਰਤ ਅਤੇ ਦੁਨੀਆ ਦੇ ਹਿੱਤ ਵਿੱਚ ਏ । ਇਸ ਸਿਲਸਿਲੇ ਵਿੱਚ, ਭਾਰਤ ਰੂਸ ਲਈ ਇੱਕ ਸੁਭਾਵਿਕ ਵਿਕਲਪ ਏ।

---------------------------------------------------------------

ਕੇਂਦਰ ਸਰਕਾਰ ਨੇ ਕੱਲ ਨਵੀਂ ਦਿੱਲੀ ਵਿੱਚ ਇੱਕ ਉੱਚ-ਪੱਧਰੀ ਅੰਤਰ-

ਮੰਤਰਾਲਾ ਸਮੀਖਿਆ ਮੀਟਿੰਗ ਕੀਤੀ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਮੌਜੂਦਾ ਝੋਨੇ ਦੇ ਵਾਢੀ ਸੀਜ਼ਨ ਦੌਰਾਨ ਪਰਾਲੀ ਪ੍ਰਬੰਧਨ ਪੂਰੀ ਤਰ੍ਹਾਂ ਕਾਰਜਸ਼ੀਲ ਏ । ਇਸ ਮੀਟਿੰਗ ਦੀ ਸਹਿ-ਪ੍ਰਧਾਨਗੀ ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਅਤੇ ਵਾਤਾਵਰਣ ਮੰਤਰੀ ਭੂਪੇਂਦਰ ਯਾਦਵ ਨੇ ਕੀਤੀ। ਦੋਵਾਂ ਕੇਂਦਰੀ ਮੰਤਰੀਆਂ ਨੇ ਜ਼ਿਕਰ ਕੀਤਾ ਕਿ ਝੋਨੇ ਦੇ ਵਾਢੀ ਅਤੇ ਹਾੜੀ ਦੀਆਂ ਫਸਲਾਂ ਦੀ ਬਿਜਾਈ ਵਿਚਕਾਰ ਬਹੁਤ ਘੱਟ ਸਮਾਂ ਬਚਿਆ ਏ । ਇਸ ਲਈ, ਪ੍ਰਸ਼ਾਸਨਿਕ ਮਸ਼ੀਨਰੀ ਨੂੰ ਸਿਰਫ਼ ਕਾਗਜ਼ੀ ਕਾਰਵਾਈ 'ਤੇ ਹੀ ਨਹੀਂ, ਸਗੋਂ ਜ਼ਮੀਨੀ ਪੱਧਰ 'ਤੇ ਧਿਆਨ ਕੇਂਦਰਿਤ ਕਰਨਾ ਚਾਹੀਦਾ ਏ । ਉਨ੍ਹਾਂ ਜ਼ਿਲ੍ਹਾ ਪੱਧਰ 'ਤੇ ਜ਼ਿਲ੍ਹਾ ਮੈਜਿਸਟ੍ਰੇਟਾਂ ਨਾਲ ਤੁਰੰਤ ਮੀਟਿੰਗਾਂ ਕਰਨ ਅਤੇ ਨੇੜਿਓਂ ਨਿਗਰਾਨੀ ਨਾਲ ਵਿਹਾਰਕ ਹੱਲ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਮੀਟਿੰਗ ਵਿੱਚ, ਸ਼੍ਰੀ ਚੌਹਾਨ ਨੇ ਕਿਹਾ ਕਿ ਝੋਨੇ ਦੀ ਵਾਢੀ ਚੱਲ ਰਹੀ ਏ ਅਤੇ ਕਿਸਾਨ ਅਗਲੀ ਫਸਲ ਬੀਜਣ ਲਈ ਤਿਆਰ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਕਿਸਾਨਾਂ ਨੂੰ ਆਸਾਨ, ਪਹੁੰਚਯੋਗ ਅਤੇ ਕਿਫਾਇਤੀ ਪਰਾਲੀ ਪ੍ਰਬੰਧਨ ਬਦਲ ਪ੍ਰਦਾਨ ਕੀਤੇ ਜਾਣੇ ਚਾਹੀਦੇ ਹਨ। ਖੇਤੀਬਾੜੀ ਮੰਤਰੀ ਨੇ

ਕਿਹਾ ਕਿ ਸਰਕਾਰ ਦਾ ਉਦੇਸ਼ ਨਾ ਸਿਰਫ਼ ਪਰਾਲੀ ਸਾੜਨ 'ਤੇ ਪਾਬੰਦੀ ਲਗਾਉਣਾ ਏ ਸਗੋਂ ਇੱਕ ਮਜ਼ਬੂਤ ਪ੍ਰਣਾਲੀ ਵਿਕਸਤ ਕਰਨਾ ਵੀ ਹੈ ਜੋ ਕਿਸਾਨਾਂ ਨੂੰ ਪਰਾਲੀ ਸਾੜਨ ਦੀ ਜ਼ਰੂਰਤ ਨੂੰ ਖਤਮ ਕਰਦੀ ਹੈ। ਇਸ ਦੌਰਾਨ, ਵਾਤਾਵਰਣ ਮੰਤਰੀ ਭੂਪੇਂਦਰ ਯਾਦਵ ਨੇ ਪਰਾਲੀ ਸਾੜਨ ਨੂੰ ਰੋਕਣ ਲਈ ਜ਼ਮੀਨੀ ਪੱਧਰ 'ਤੇ ਨਿਗਰਾਨੀ ਅਤੇ ਕਾਰਵਾਈ ਨੂੰ ਤੇਜ਼ ਕਰਨ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਪੰਜਾਬ ਦੇ ਸੰਗਰੂਰ, ਤਰਨਤਾਰਨ, ਅੰਮ੍ਰਿਤਸਰ, ਪਟਿਆਲਾ ਅਤੇ ਗੁਰਦਾਸਪੁਰ ਜ਼ਿਲ੍ਹਿਆਂ ਅਤੇ ਹਰਿਆਣਾ ਦੇ ਕੈਥਲ, ਕਰਨਾਲ, ਕੁਰੂਕਸ਼ੇਤਰ, ਅੰਬਾਲਾ ਅਤੇ ਫਤਿਹਾਬਾਦ ਜ਼ਿਲ੍ਹਿਆਂ ਵਿੱਚ ਵਿਸ਼ੇਸ਼ ਨਿਗਰਾਨੀ ਦਾ ਸੱਦਾ ਦਿੱਤਾ। ਇਸ ਦਾ ਉਦੇਸ਼ ਫ਼ਸਲ ਦੀ ਸਥਿਤੀ ਦਾ ਮੁਲਾਂਕਣ ਕਰਨਾ ਅਤੇ ਪਰਾਲੀ ਸਾੜਨ ਦੀਆਂ ਸੰਭਾਵੀ ਘਟਨਾਵਾਂ ਦਾ ਅਨੁਮਾਨ ਲਗਾਉਣਾ ਹੈ।

---

ਬਿਹਾਰ 'ਚ ਵੈਸ਼ਾਲੀ ਜ਼ਿਲ੍ਹੇ ਦੇ ਰਾਘੋਪੁਰ ਦਿਆਰਾ ਇਲਾਕੇ ਵਿੱਚ ਬੀਤੀ ਰਾਤ ਗੰਗਾ ਨਦੀ ਵਿੱਚ ਇੱਕ ਕਿਸ਼ਤੀ ਪਲਟ ਗਈ। ਵੈਸ਼ਾਲੀ ਦੇ ਜ਼ਿਲ੍ਹਾ ਮੈਜਿਸਟ੍ਰੇਟ ਵਰਸ਼ਾ ਸਿੰਘ ਨੇ ਮੀਡੀਆ ਨੂੰ ਦੱਸਿਆ ਕਿ

ਇਸ ਹਾਦਸੇ ਵਿੱਚ 13 ਲੋਕਾਂ ਦੀ ਮੌਤ ਹੋ ਗਈ, ਜਦੋਂ ਕਿ 6 ਨੂੰ ਬਚਾ ਲਿਆ ਗਿਆ। ਮ੍ਰਿਤਕਾਂ ਵਿੱਚੋਂ ਜ਼ਿਆਦਾਤਰ ਨਾਬਾਲਗ ਸਨ ਜੋ ਕਿਸ਼ਤੀ ਰਾਹੀਂ ਇੱਕ ਦਾਅਵਤ ਵਿੱਚ ਸ਼ਾਮਲ ਹੋਣ ਲਈ ਯਾਤਰਾ ਕਰ ਰਹੇ ਸਨ। ਇਸ ਵਿੱਚ ਲਗਭਗ 15 ਤੋਂ 20 ਲੋਕ ਸਵਾਰ ਸਨ। ਸੱਤ ਹੋਰਾਂ ਨੂੰ ਬਿਹਤਰ ਇਲਾਜ ਲਈ ਦੂਜੇ ਹਸਪਤਾਲ ਵਿੱਚ ਰੈਫਰ ਕੀਤਾ ਗਿਆ ਏ । ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ  ਹਾਦਸੇ ਵਿੱਚ ਹੋਈਆਂ ਮੌਤਾਂ 'ਤੇ ਦੁੱਖ ਪ੍ਰਗਟ ਕੀਤਾ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਬਿਹਾਰ ਵਿੱਚ ਕਿਸ਼ਤੀ ਹਾਦਸੇ  'ਤੇ ਦੁੱਖ ਪ੍ਰਗਟ ਕੀਤਾ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰਾਸ਼ਟਰਪਤੀ ਨੇ ਇਸ ਘਟਨਾ ਨੂੰ ਬਹੁਤ ਹੀ ਦਿਲ ਦਹਿਲਾ ਦੇਣ ਵਾਲਾ ਦੱਸਿਆ। ਉਨ੍ਹਾਂ ਨੇ ਦੁਖੀ ਪਰਿਵਾਰਾਂ ਨਾਲ ਹਮਦਰਦੀ ਪ੍ਰਗਟ ਕੀਤੀ ਅਤੇ ਹਾਦਸੇ ਵਿੱਚ ਜ਼ਖਮੀ ਹੋਏ ਲੋਕਾਂ ਦੇ ਜਲਦੀ ਠੀਕ ਹੋਣ ਦੀ ਪ੍ਰਾਰਥਨਾ ਕੀਤੀ। ਉਪ ਰਾਸ਼ਟਰਪਤੀ ਨੇ ਸੋਸ਼ਲ ਮੀਡੀਆ ਪੋਸਟ ਰਾਹੀਂ ਦੁਖੀ ਪਰਿਵਾਰਾਂ ਨਾਲ ਦਿਲੋਂ ਸੰਵੇਦਨਾ ਪ੍ਰਗਟ ਕੀਤੀ ਅਤੇ ਇਸ ਨਾ ਪੂਰਾ ਹੋਣ ਵਾਲੇ ਘਾਟੇ ਨੂੰ ਸਹਿਣ ਦੀ ਤਾਕਤ ਅਤੇ ਹਿੰਮਤ ਲਈ ਪ੍ਰਾਰਥਨਾ ਕੀਤੀ।

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਹਾਦਸੇ ਵਿੱਚ ਹੋਇਆ ਜਾਨੀ ਨੁਕਸਾਨ ਬਹੁਤ ਦੁਖਦਾਈ ਏ। ਸ਼੍ਰੀ ਮੋਦੀ ਨੇ ਹਰੇਕ ਮ੍ਰਿਤਕ ਦੇ ਪਰਿਵਾਰ ਨੂੰ 2-2 ਲੱਖ ਰੁਪਏ ਅਤੇ ਹਰੇਕ ਜ਼ਖਮੀਆ ਨੂੰ 50-50 ਰੁਪਏ ਦੀ ਸਹਾਇਤਾ ਰਾਸ਼ੀ ਦਾ ਐਲਾਨ ਵੀ ਕੀਤਾ। ਮੁੱਖ ਮੰਤਰੀ ਸਮਰਾਟ ਚੌਧਰੀ ਨੇ ਵੀ ਇਸ ਘਟਨਾ ਵਿੱਚ ਹੋਏ ਜਾਨੀ ਨੁਕਸਾਨ 'ਤੇ ਦੁੱਖ ਪ੍ਰਗਟ ਕੀਤਾ ਅਤੇ ਹਰੇਕ ਮ੍ਰਿਤਕ ਦੇ ਪਰਿਵਾਰਾਂ ਨੂੰ 4-4 ਲੱਖ ਰੁਪਏ ਦੀ ਵਿਤੀ ਮਦਦ ਦਾ ਐਲਾਨ ਕੀਤਾ।

---------------------------------------------------------

ਪੰਚਾਇਤੀ ਰਾਜ ਮੰਤਰਾਲਾ ਵਿਸ਼ੇਸ਼ ਮੁਹਿੰਮ ਦੇ 6ਵੇਂ ਗੇੜ ਦੇ ਹਿੱਸੇ ਵਜੋਂ ਇਕ ਦਿਨਾਂ ਸਫਾਈ ਅਤੇ ਬਕਾਇਆ ਮਾਮਲਿਆਂ ਦੇ ਹੱਲ ਲਈ ਕੱਲ੍ਹ ਇੱਕ ਦਿਨ ਦੀ ਵਿਸ਼ੇਸ਼ ਮੁਹਿੰਮ ਸ਼ੁਰੂ ਕਰੇਗਾ। ਇਹ ਮੁਹਿੰਮ 2 ਤੋਂ 31 ਅਕਤੂਬਰ ਤੱਕ ਚੱਲਣ ਵਾਲੀ ਵਿਸ਼ੇਸ਼ ਮੁਹਿੰਮ ਦੇ ਲਾਗੂਕਰਨ ਗੇੜ ਦਾ ਹਿੱਸਾ ਹੈ। ਮੰਤਰਾਲੇ ਦਾ ਉਦੇਸ਼ ਕਾਰਜ ਸਥਾਨਾਂ 'ਤੇ ਸਫਾਈ ਨੂੰ ਉਤਸ਼ਾਹਿਤ ਕਰਨਾ, ਉਪਲਬਧ ਦਫਤਰੀ ਜਗ੍ਹਾ ਦੀ ਵਰਤੋਂ ਨੂੰ ਅਨੁਕੂਲ ਬਣਾਉਣਾ ਅਤੇ ਲੰਬਿਤ ਮਾਮਲਿਆਂ ਦੇ ਨਿਪਟਾਰੇ ਵਿੱਚ ਤੇਜ਼ੀ ਲਿਆਉਣਾ

ਹੈ। ਮੁਹਿੰਮ ਦੇ ਤਹਿਤ, ਕਾਰਜ ਸਥਾਨਾਂ 'ਤੇ ਸਵੈ-ਇੱਛਤ ਕਿਰਤ ਦੁਆਰਾ ਸਫਾਈ, ਸਫਾਈ ਮੁਹਿੰਮਾਂ ਅਤੇ ਈ-ਕੂੜੇ ਦੇ ਨਿਪਟਾਰੇ ਵਰਗੀਆਂ ਗਤੀਵਿਧੀਆਂ ਦਾ ਆਯੋਜਨ ਕੀਤਾ ਜਾਵੇਗਾ।

------------------------------------------------------

ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ, ਚੰਡੀਗੜ੍ਹ, ਦਿੱਲੀ, ਹਿਮਾਚਲ ਪ੍ਰਦੇਸ਼, ਅਤੇ ਪੱਛਮੀ ਰਾਜਸਥਾਨ ਵਿੱਚ ਗਰਜ-ਚਮਕ ਨਾਲ ਗੜੇਮਾਰੀ ਦੀ ਪੇਸ਼ੀਨਗੋਈ ਕੀਤੀ ਏ । ਜੰਮੂ-ਕਸ਼ਮੀਰ, ਲੱਦਾਖ, ਤਾਮਿਲਨਾਡੂ, ਪੁਡੂਚੇਰੀ ਅਤੇ ਕਰਾਈਕਲ ਵਿੱਚ ਭਾਰੀ ਮੀਂਹ ਦੀ ਭਵਿੱਖਬਾਣੀ ਕੀਤੀ ਏ ।

---------------------------------------------------
---

ਭਾਰਤ ਅਤੇ ਵੈਸਟਇੰਡੀਜ਼ ਵਿਚਕਾਰ ਪੰਜ ਮੈਚਾਂ ਦੀ ਟਵੈਂਟੀ ਟਵੈਂਟੀ ਲੜੀ ਦਾ ਚੌਥਾ ਮੈਚ ਅੱਜ ਹੈਦਰਾਬਾਦ ਦੇ ਰਾਜੀਵ ਗਾਂਧੀ ਅੰਤਰਰਾਸ਼ਟਰੀ ਕ੍ਰਿਕਟ ਸਟੇਡੀਅਮ ਵਿੱਚ ਖੇਡਿਆ ਜਾਵੇਗਾ। ਮੈਚ ਸ਼ਾਮ 7 ਵਜੇ ਸ਼ੁਰੂ ਹੋਵੇਗਾ। ਐਤਵਾਰ ਨੂੰ ਇੰਦੌਰ ਵਿੱਚ ਖੇਡੇ ਗਏ ਤੀਜੇ ਟੀ-20 ਮੈਚ ਵਿੱਚ ਵੈਸਟਇੰਡੀਜ਼ ਨੂੰ 14 ਦੌੜਾਂ ਨਾਲ ਹਰਾਉਣ ਤੋਂ

ਬਾਅਦ, ਭਾਰਤ ਪੰਜ ਮੈਚਾਂ ਦੀ ਲੜੀ ਵਿੱਚ 2-1 ਨਾਲ ਅੱਗੇ ਏ ।

----------------------------------------------------

--- ਡੈਨਮਾਰਕ ਓਪਨ ਬੈਡਮਿੰਟਨ-2026 ਚ ਤਨਵੀ ਸ਼ਰਮਾ ਅਤੇ ਕਿਦਾਂਬੀ ਸ਼੍ਰੀਕਾਂਤ ਨੇ ਦੂਜੇ ਦੌਰ ਵਿੱਚ ਪ੍ਰਵੇਸ਼ ਕਰ ਗਏ। ਤਨਵੀ ਨੇ ਪਹਿਲੇ ਦੌਰ ਵਿੱਚ ਜਾਪਾਨ ਦੀ ਨਾਤ-ਸੁਕੀ ਨਿਦੈਰਾ ਨੂੰ ਕਰੀਬੀ ਮੁਕਾਬਲੇ ਵਿੱਚ 2-1 ਨਾਲ ਹਰਾਇਆ। ਉਨਾ ਦਾ ਸਾਹਮਣਾ ਦੂਜੇ ਦੌਰ ਵਿੱਚ ਜਰਮਨੀ ਦੀ ਯਵੋਨ ਲੀ ਨਾਲ ਹੋਵੇਗਾ। ਕਿਦਾਂਬੀ ਸ਼੍ਰੀਕਾਂਤ ਨੇ ਵੀ ਫਰਾਂਸ ਦੇ ਅਰ-ਨੌਡ ਮਰ-ਕਲ ਨੂੰ 2-0 ਨਾਲ ਹਰਾ ਕੇ ਦੂਜੇ ਦੌਰ ਵਿੱਚ ਪ੍ਰਵੇਸ਼ ਕੀਤਾ। ਉਨਾ ਦਾ ਸਾਹਮਣਾ ਦੂਜੇ ਦੌਰ ਵਿੱਚ ਇੱਕ ਹੋਰ ਫਰਾਂਸੀਸੀ ਖਿਡਾਰੀ ਐਲੇਕਸ ਲੈਨੀਅਰ ਨਾਲ ਹੋਵੇਗਾ। ਇਸ ਦੌਰਾਨ, ਦੋ ਵਾਰ ਦੀ ਓਲੰਪਿਕ ਤਗਮਾ ਜੇਤੂ ਪੀ.ਵੀ. ਸਿੰਧੂ ਜਰਮਨੀ ਦੀ ਯਵੋਨ ਲੀ ਤੋਂ ਕਰੀਬੀ ਮੈਚ ਹਾਰ ਗਈ। ਲਕਸ਼ਯ ਸੇਨ ਵੀ ਮਰਦਾਂ ਦੇ ਸਿੰਗਲਜ਼ ਵਿੱਚ ਜਲਦੀ ਬਾਹਰ ਹੋ ਗਏ । ਭਾਰਤ ਦੇ ਡਬਲਜ਼ ਮੈਚ ਅੱਜ ਤੋਂ ਸ਼ੁਰੂ ਹੋਣਗੇ। ਸਾਤਵਿਕ-ਸਾਈਰਾਜ ਰੈਂਕੀਰੈੱਡੀ ਅਤੇ ਚਿਰਾਗ ਸ਼ੈੱਟੀ ਮਰਦਾਂ ਦੇ ਡਬਲਜ਼ ਵਿੱਚ ਖੇਡਣਗੇ, ਜਦੋਂ ਕਿ ਤ੍ਰਿਸ਼ਾ ਜੌਲੀ ਅਤੇ ਗਾਇਤਰੀ ਗੋਪੀਚੰਦ ਮਹਿਲਾ ਡਬਲਜ਼ ਵਿੱਚ ਖੇਡਣਗੇ।

---------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਨਵੀਂ ਦਿੱਲੀ ਵਿੱਚ, ਵੀਡੀਓ ਸੰਦੇਸ਼ ਰਾਹੀਂ, "ਬ੍ਰਹੱਤਰ ਭਾਰਤ: ਅੰਤਰ-ਰਾਸ਼ਟਰੀ ਕਾਨਫਰੰਸ ਨੂੰ ਸੰਬੋਧਨ ਕਰਨਗੇ।
- ਬਿਮਸਟੇਕ ਦੇਸ਼ਾਂ ਨੇ ਸਰਹੱਦ ਪਾਰੋਂ ਦਹਿਸ਼ਤਗਰਦੀ ਦੇ ਸਾਰੇ ਰੂਪਾਂ ਦੀ ਸਖ਼ਤ ਨਿੰਦਾ ਕੀਤੀ ।
- ਕੇਂਦਰੀ ਵਾਤਾਵਰਣ ਮੰਤਰੀ ਭੂਪੇਂਦਰ ਯਾਦਵ ਨੇ ਪੰਜਾਬ ਤੇ ਹਰਿਆਣਾ ਵਿਚ, ਪਰਾਲੀ ਸਾੜਨ ਨੂੰ ਰੋਕਣ ਲਈ ਜ਼ਮੀਨੀ ਪੱਧਰ 'ਤੇ ਨਿਗਰਾਨੀ ਅਤੇ ਕਾਰਵਾਈ ਨੂੰ ਤੇਜ਼ ਕਰਨ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ ।
- ਬਿਹਾਰ 'ਚ ਵੈਸ਼ਾਲੀ ਦੇ ਰਾਘੋਪੁਰ ਵਿੱਚ ਕਿਸ਼ਤੀ ਪਲਟਨ ਕਾਰਨ 13 ਲੋਕਾਂ ਦੀ ਮੌਤ ।
- ਮੌਸਮ ਵਿਭਾਗ ਵਲੋਂ ਅੱਜ ਪੰਜਾਬ, ਹਰਿਆਣਾ, ਚੰਡੀਗੜ੍ਹ ਸਮੇਤ ਹੋਰਨਾਂ ਕਈ ਸੂਬਿਆਂ ਵਿੱਚ ਗਰਜ-ਚਮਕ ਨਾਲ ਗੜੇਮਾਰੀ ਦੀ ਪੇਸ਼ੀਨਗੋਈ। ਅਤੇ

- ਭਾਰਤ ਅਤੇ ਵੈਸਟਇੰਡੀਜ਼ ਵਿਚਕਾਰ ਪੰਜ ਮੈਚਾਂ ਦੀ ਟਵੈਂਟੀ ਟਵੈਂਟੀ ਲੜੀ ਦਾ ਚੌਥਾ ਮੈਚ, ਅੱਜ ਹੈਦਰਾਬਾਦ ਵਿੱਚ ਸ਼ਾਮ 7 ਵਜੇ ਵਿੱਚ ਖੇਡਿਆ ਜਾਵੇਗਾ।

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗ ਲਾ ਬੁਲੇਟਿਨ ਤੁਸੀਂ ਸੁਣੋਗ 1.10 ਨਮਸਕਾਰ**